# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :17-04-2026**

ਪੰਜਾਬ ਵਿਧਾਨ ਸਭਾ ਨੇ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026' ਨੂੰ ਪੰਜਾਬ ਦੇ ਰਾਜਪਾਲ ਨੂੰ ਪ੍ਰਵਾਨਗੀ ਲਈ ਭੇਜ ਦਿੱਤਾ ਏ । ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ 'ਤੇ ਪੁਸ਼ਟੀ ਕੀਤੀ ਏ  ਕਿ ਬਿੱਲ ਨੂੰ ਰਾਜਪਾਲ ਨੂੰ ਉਨ੍ਹਾਂ ਦੀ ਅੰਤਿਮ ਪ੍ਰਵਾਨਗੀ ਲਈ ਭੇਜਿਆ ਗਿਆ ਏ । ਇਸ ਬਿੱਲ ਨੂੰ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਨੇ ਸਰਬਸੰਮਤੀ ਨਾਲ ਪਾਸ ਕੀਤਾ ਸੀ । ਇਹ ਬਿੱਲ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ, 2008 ਵਿੱਚ ਇੱਕ ਸੋਧ ਏ ਤੇ ਇਸ ਵਿੱਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਤੇ ਸਾਜ਼ਿਸ਼ ਨਾਲ ਸਬੰਧਤ ਅਪਰਾਧਾਂ ਦੀ ਸਜ਼ਾ, 10 ਸਾਲ ਤੋਂ ਲੈ ਕੇ ਉਮਰ ਕੈਦ ਤੇ 5 ਲੱਖ ਰੁਪਏ ਤੋਂ 25 ਲੱਖ ਰੁਪਏ ਤੱਕ ਜੁਰਮਾਨੇ ਦੀ ਵਿਵਸਥਾ ਸ਼ਾਮਲ ਕੀਤੀ ਗਈ ਏ ।

-----------------------------------------------------------

ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਅੱਜ ਲੁਧਿਆਣਾ ਵਿੱਚ

ਆਮ ਆਦਮੀ ਪਾਰਟੀ ਦੇ ਨੇਤਾ ਤੇ ਰਾਜ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਨਾਲ ਜੁੜੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਏ। ਸੂਤਰਾਂ ਅਨੁਸਾਰ ਈ.ਡੀ. ਦੀਆਂ ਟੀਮਾਂ ਨੇ ਸਵੇਰੇ-ਸਵੇਰੇ ਮੰਤਰੀ ਦੇ ਨਿਵਾਸ ਸਥਾਨ ਤੇ ਚੰਡੀਗੜ੍ਹ ਅਤੇ ਦਿੱਲੀ ਸਮੇਤ ਸਰਕਾਰੀ ਅਤੇ ਹੋਰ ਟਿਕਾਣਿਆਂ ਦੀ ਤਲਾਸ਼ੀ ਲਈ। ਇਸ ਦੌਰਾਨ, ਸ੍ਰੀ ਅਰੋੜਾ ਨੇ ਆਪਣੇ ਸੋਸ਼ਲ ਮੀਡੀਆ ਖਾਤੇ 'ਐਕਸ' 'ਤੇ ਇਸ ਕਾਰਵਾਈ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦੇ ਨਾਤੇ, ਉਹ ਏਜੰਸੀਆਂ ਨਾਲ ਪੂਰਾ ਸਹਿਯੋਗ ਕਰਨਗੇ। ਇਸ ਹਫ਼ਤੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਆਗੂਆਂ 'ਤੇ ਛਾਪੇਮਾਰੀ ਦਾ ਇਹ ਦੂਜਾ ਦੌਰ ਏ। ਇਸ ਤੋਂ ਪਹਿਲਾਂ, ਪਾਰਟੀ ਦੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਨਾਲ ਸਬੰਧਤ ਜਾਇਦਾਦਾਂ 'ਤੇ ਈ.ਡੀ. ਨੇ ਬੁੱਧਵਾਰ ਨੂੰ ਛਾਪੇਮਾਰੀ ਕੀਤੀ ਸੀ।

---------------------------------------------------

ਪੰਜਾਬ ਦੇ ਰਾਜਪਾਲ ਗੁਲਾਬਚੰਦ ਕਟਾਰੀਆ ਨੇ ਪਠਾਨਕੋਟ ਵਿਖੇ ਨਸ਼ਾ ਵਿਰੋਧੀ ਮਾਰਚ ਦੀ ਅਗਵਾਈ ਕੀਤੀ। ਪੰਜਾਬ ਭਾਜਪਾ ਦੇ ਪ੍ਰਧਾਨ ਤੇ ਵਿਧਾਇਕ ਅਸ਼ਵਨੀ ਸ਼ਰਮਾ ਵੀ ਮਾਰਚ ਵਿੱਚ ਉਨ੍ਹਾਂ ਨਾਲ ਸ਼ਾਮਲ ਹੋਏ। ਇਹ ਮਾਰਚ ਮਿਸ਼ਨ ਰੋਡ 'ਤੇ ਸਥਿਤ ਡੀ.ਏ.ਵੀ. ਸਕੂਲ ਤੋਂ ਸ਼ੁਰੂ ਹੋਇਆ ਤੇ ਸ਼ਹਿਰ ਦੀਆਂ ਵੱਖ-ਵੱਖ ਗਲੀਆਂ ਵਿੱਚੋਂ ਲੰਘਿਆ। ਲੋਕਾਂ ਨੇ

ਮਾਰਚ ਦਾ ਸਵਾਗਤ ਕੀਤਾ ਤੇ ਨਸ਼ੇ ਵਿਰੁੱਧ ਇੱਕਜੁੱਟ ਹੋਣ ਦਾ ਪ੍ਰਣ ਲਿਆ। ਇਸ ਮੌਕੇ ਰਾਜਪਾਲ ਗੁਲਾਬਚੰਦ ਕਟਾਰੀਆ ਨੇ ਕਿਹਾ ਕਿ ਨਸ਼ੇ ਵਿਰੁੱਧ ਏਕਤਾ ਦੀ ਲੋੜ ਏ ਤੇ ਉਹ ਅਜਿਹਾ ਕਰਨ ਵਿੱਚ ਕਾਫ਼ੀ ਹੱਦ ਤੱਕ ਸਫਲ ਰਹੇ ਨੇ।

BYTE

---------------------------------------------------------

ਪੰਜਾਬ ਭਰ ਵਿੱਚ ਕਿਸਾਨਾਂ ਵੱਲੋਂ ਅੱਜ ਵੱਖ-ਵੱਖ ਥਾਵਾਂ 'ਤੇ ਰੇਲਾਂ ਰੋਕ ਕੇ ਕੀਤੇ ਜਾਣ ਵਾਲੇ ਪ੍ਰਦਰਸ਼ਨ ਨੂੰ ਫਿਲਹਾਲ ਲਈ ਰੱਦ ਕਰ ਦਿੱਤਾ ਗਿਆ ਏ। ਇਸ ਫੈਸਲੇ ਤਹਿਤ ਅੰਮ੍ਰਿਤਸਰ ਦੇ ਦੇਵੀਦਾਸਪੁਰਾ ਵਿਖੇ ਵੀ ਅੱਜ ਹੋਣ ਵਾਲਾ ਰੇਲ ਰੋਕੋ ਧਰਨਾ ਹੁਣ ਨਹੀਂ ਦਿੱਤਾ ਜਾਵੇਗਾ। ਇਸ ਸਬੰਧੀ ਸਾਡੇ ਮਾਨਸਾ ਤੋਂ ਪੱਤਰਕਾਰ ਜਗਿਦਰ ਮਾਨ ਨਾਲ ਗੱਲਬਾਤ ਕਰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਸਰਵਨ ਸਿੰਘ ਪੰਧੇਰ ਨੇ ਦੱਸਿਆ ਕਿ ਕਿਸਾਨ ਮਜ਼ਦੂਰ ਮੋਰਚਾ ਤੇ ਸੰਯੁਕਤ ਕਿਸਾਨ ਮੋਰਚਾ (ਐਸ.ਕੇ.ਐਮ) ਨਾਲ ਸੰਬੰਧਿਤ ਜਥੇਬੰਦੀਆਂ ਵੱਲੋਂ  ਕੀਤੀ ਗਈ ਮੀਟਿੰਗ ਵਿੱਚ ਫੈਸਲਾ ਲਿਆ  ਗਿਆ ਕਿ ਪੰਜਾਬ ਸਰਕਾਰ ਵੱਲੋਂ ਸਮਾਂ ਮੰਗਣ 'ਤੇ ਸਾਂਝੀ ਰਾਏ ਨਾਲ ਤਿੰਨ ਦਿਨ ਦਾ ਸਮਾਂ ਦਿੱਤਾ ਜਾਵੇ। ਪੰਧੇਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੇਂਦਰ ਨੂੰ ਚਿੱਠੀ ਦੇਣ ਵਿੱਚ ਦੇਰੀ ਹੋਈ, ਜਿਸ

ਕਾਰਨ ਕਿਸਾਨਾਂ ਨੂੰ ਪਿਛਲੇ 10-15 ਦਿਨਾਂ ਤੋਂ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪਿਆ।

Byte

ਇਸੇ ਦੌਰਾਨ, ਭਾਰਤੀ ਖੁਰਾਕ ਨਿਗਮ (FCI) ਨੇ ਪੰਜਾਬ ਵਿੱਚ ਮੌਜੂਦਾ ਸੀਜ਼ਨ ਦੌਰਾਨ ਕਣਕ ਦੀ ਖਰੀਦ ਲਈ ਗੁਣਵੱਤਾ ਦੇ ਮਾਪਦੰਡਾਂ ਵਿੱਚ ਢਿੱਲ ਦੇਣ ਦੀ ਸਿਫਾਰਸ਼ ਕੀਤੀ ਏ ।ਇਸ ਨੇ 80% ਚਮਕ ਘੱਟ ਹੋਣ, 20% ਸੁੰਗੜੇ ਹੋਏ ਦਾਣੇ ਤੇ 6% ਖਰਾਬ ਹੋਏ ਦਾਣਿਆਂ ਦੀ ਖਰੀਦ ਬਿਨਾਂ ਕਿਸੇ ਮੁੱਲ ਕਟੌਤੀ ਦੇ ਕਰਨ ਦੀ ਸਿਫਾਰਸ਼ ਕੀਤੀ ਏ ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਭਰ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਕਾਰਵਾਈ ਕਰਦਿਆਂ ਜ਼ਿਲ੍ਹਾ ਐਸ.ਬੀ.ਐਸ. ਨਗਰ ਦੀ ਤਹਿਸੀਲ ਬਲਾਚੌਰ ਦੇ ਸਰਕਲ ਕਾਠਗੜ੍ਹ ਵਿਖੇ ਤਾਇਨਾਤ ਕਾਨੂੰਗੋ ਰਮਨ ਕੁਮਾਰ ਨੂੰ 33 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਏ । ਇਸ ਤੋਂ ਇਲਾਵਾ ਮਾਲ ਦਫ਼ਤਰ ਪਾਇਲ ਜ਼ਿਲ੍ਹਾ ਲੁਧਿਆਣਾ ਵਿਖੇ ਤਾਇਨਾਤ ਪਟਵਾਰੀ ਹਰਕਿੰਦਰ ਸਿੰਘ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਕਾਬੂ ਕੀਤਾ ਗਿਆ ਜਦਕਿ ਜ਼ਿਲ੍ਹਾ ਲੁਧਿਆਣਾ ਦੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਅਜੀਤਸਰ ਵਿਖੇ ਤਾਇਨਾਤ ਪ੍ਰਿੰਸੀਪਲ ਗੁਰਮੀਤ ਸਿੰਘ ਨੂੰ 6,000 ਰੁਪਏ ਰਿਸ਼ਵਤ ਲੈਂਦਿਆਂ ਕਾਬੂ

ਕੀਤਾ ਗਿਆ ਏ । ਮੁਲਜ਼ਮਾ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਏ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ ।

-------------------------------------------------------------------------